# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਫ਼ਰੀਮੌਂਟ ਵਿੱਚ ਹੋਵੇਗੀ ਵਿਸ਼ਵ ਪੰਜਾਬੀ ਸਾਹਿਤ ਅਕੈਡਮੀ ਦੀ 26ਵੀਂ ਕਾਨਫ਼ਰੰਸ 27 ਸਤੰਬਰ ਨੂੰ

### ਕਾਨਫ਼ਰੰਸ ਵਿਚ ਭਾਰਤ, ਪਾਕਿਸਤਾਨ, ਕੈਨੇਡਾ ਤੇ ਅਮਰੀਕਾ ਤੋਂ ਸਾਹਿਤਕਾਰ ਹੋਣਗੇ ਸ਼ਾਮਲ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਹੇਵਰਡ, 10 ਸਤੰਬਰ : ਬੀਤੇ ਦਿਨੀਂ ਵਿਪਸਾ (ਵਿਸ਼ਵ ਪੰਜਾਬੀ ਸਾਹਿਤ ਅਕਾਦਮੀ) ਵੱਲੋਂ ਮੂਨ ਰੈਸਟੋਰੈਂਟ, ਹੇਵਰਡ ਵਿਖੇ ਕਰਵਾਈ ਗਈ ਮਾਸਿਕ ਸਾਹਿਤਕ ਮਿਲਣੀ ਵਿੱਚ ਅਕੈਡਮੀ ਦੀ 26ਵੀਂ ਸਾਹਿਤਕ ਕਾਨਫ਼ਰੰਸ ਦੀਆਂ ਤਿਆਰੀਆਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਇਹ ਜਾਣਕਾਰੀ ਦਿੰਦਿਆਂ ਅਕੈਡਮੀ ਦੇ ਜਨਰਲ ਸਕੱਤਰ ਜਗਜੀਤ ਸਿੰਘ ਨੌਸ਼ਹਿਰਵੀ ਨੇ ਦੱਸਿਆ ਹੈ ਕਿ 26ਵੀਂ ਸਾਹਿਤਕ ਕਾਨਫ਼ਰੰਸ 27 ਸਤੰਬਰ, ਦਿਨ ਐਤਵਾਰ, ਸਵੇਰੇ 9:30 ਵਜੇ ਤੋਂ ਸ਼ਾਮ 8:00 ਵਜੇ ਤੱਕ ਪੈਰਾਡਾਈਜ਼ ਬਾਲਰੂਮ, 4100 Peralta Blvd., Fremont, CA 94539 ਵਿਖੇ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਕਾਨਫ਼ਰੰਸ ਵਿੱਚ ਭਾਰਤ, ਪਾਕਿਸਤਾਨ, ਪੰਜਾਬ, ਜੰਮੂ, ਕੈਨੇਡਾ ਅਤੇ ਅਮਰੀਕਾ ਤੋਂ ਨਾਮਵਰ ਸਾਹਿਤਕਾਰ, ਕਵੀ ਅਤੇ ਵਿਦਵਾਨ ਸ਼ਿਰਕਤ ਕਰਨਗੇ।



ਅਕੈਡਮੀ ਦੇ ਪ੍ਰਧਾਨ ਕੁਲਵਿੰਦਰ ਮੀਟਿੰਗ ਵਿਚ ਦੱਸਿਆ ਕਿ ਕਾਨਫ਼ਰੰਸ ਵਿੱਚ ਲਹਿੰਦੇ ਪੰਜਾਬ ਤੋਂ ਡਾ. ਨਬੀਲਾ ਰਹਿਮਾਨ, ਚੜ੍ਹਦੇ ਪੰਜਾਬ ਤੋਂ ਡਾ. ਰਾਜੇਸ਼ ਸ਼ਰਮਾ ਅਤੇ ਡਾ. ਆਤਮ ਰੰਧਾਵਾ, ਜੰਮੂ ਤੋਂ ਡਾ. ਮੋਨੋਜੀਤ ਸਿੰਘ ਅਤੇ ਕੈਨੇਡਾ ਤੋਂ ਸ਼ਾਇਰ ਜਸਵਿੰਦਰ, ਰਾਜਵੰਤ ਰਾਜ, ਹਰਦਮ ਸਿੰਘ ਮਾਨ, ਸੁਰਜੀਤ ਕੌਰ ਅਤੇ ਪਿਆਰਾ ਸਿੰਘ ਕੁੱਦੋਵਾਲ ਆਪਣੀ ਹਾਜ਼ਰੀ ਲਗਵਾਉਣਗੇ। ਅਮਰੀਕਾ ਦੇ ਸਥਾਨਕ ਸਾਹਿਤਕਾਰਾਂ ਤੋਂ ਇਲਾਵਾ ਬਲਦੇਵ ਸਿੰਘ ਗਰੇਵਾਲ ਅਤੇ ਸੁਰਿੰਦਰ ਸੋਹਲ ਵੀ ਕਾਨਫ਼ਰੰਸ ਵਿੱਚ ਸ਼ਾਮਲ ਹੋਣਗੇ।

ਉਨ੍ਹਾਂ ਦੱਸਿਆ ਕਿ ਇਸ ਵਾਰ ਦੀ ਕਾਨਫ਼ਰੰਸ ਪੰਜਾਬੀ ਭਾਸ਼ਾ ਨੂੰ ਸਮਰਪਿਤ ਕੀਤੀ ਜਾ ਰਹੀ ਹੈ। ਸਮਾਗਮ ਦਾ ਆਗਾਜ਼ ਪ੍ਰਸਿੱਧ ਸੂਫ਼ੀ ਗਾਇਕ ਸੁਖਦੇਵ ਸਾਹਿਲ ਵੱਲੋਂ ਸ਼ਬਦ ਗਾਇਨ ਨਾਲ ਹੋਵੇਗਾ। ਪੰਜਾਬੀ ਭਾਸ਼ਾ ਦੇ ਵਰਤਮਾਨ, ਭਵਿੱਖ ਅਤੇ ਨਵੀਂ ਪੀੜ੍ਹੀ ਨਾਲ ਇਸ ਦੇ ਸਬੰਧਾਂ ਸਮੇਤ ਵੱਖ-ਵੱਖ ਪੱਖਾਂ ਨੂੰ ਵਿਚਾਰਨ ਲਈ ਚਾਰ ਵਿਸ਼ੇਸ਼ ਸੈਸ਼ਨ ਕਰਵਾਏ ਜਾਣਗੇ। ਇਨ੍ਹਾਂ ਵਿੱਚੋਂ ਇੱਕ ਵਿਸ਼ੇਸ਼ ਸੈਸ਼ਨ ਬੱਚਿਆਂ ਅਤੇ ਨੌਜਵਾਨਾਂ ਲਈ ਹੋਵੇਗਾ ਤਾਂ ਜੋ ਨਵੀਂ ਪੀੜ੍ਹੀ ਨੂੰ ਪੰਜਾਬੀ ਭਾਸ਼ਾ ਅਤੇ ਸਾਹਿਤ ਨਾਲ ਜੋੜਨ ਦੇ ਮੁੱਦੇ 'ਤੇ ਗੰਭੀਰ ਸੰਵਾਦ ਕੀਤਾ ਜਾ ਸਕੇ।

ਕਾਨਫਰੰਸ ਦੌਰਾਨ ਕੁਝ ਨਵੀਆਂ ਪ੍ਰਕਾਸ਼ਿਤ ਪੁਸਤਕਾਂ ਲੋਕ ਅਰਪਣ ਕੀਤੀਆਂ ਜਾਣਗੀਆਂ, ਕਵੀ ਦਰਬਾਰ ਹੋਵੇਗਾ, ਜਿਸ ਵਿੱਚ ਵੱਖ-ਵੱਖ ਦੇਸ਼ਾਂ ਤੋਂ ਪਹੁੰਚੇ ਕਵੀ ਆਪਣੀਆਂ ਰਚਨਾਵਾਂ ਨਾਲ ਕਾਵਿਕ ਰੰਗ ਭਰਨਗੇ। ਸਾਹਿਤ ਅਤੇ ਪੰਜਾਬੀ ਭਾਸ਼ਾ ਦੇ ਖੇਤਰ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਮਾਣ ਸਨਮਾਨ ਕੀਤਾ ਜਾਵੇਗਾ।

ਕੁਲਵਿੰਦਰ ਨੇ ਕਾਨਫ਼ਰੰਸ ਨੂੰ ਸਹਿਯੋਗ ਦੇਣ ਵਾਲੇ ਸਪਾਂਸਰਾਂ ਡਾ. ਜਸਵੀਰ ਸਿੰਘ ਗਿੱਲ, ਗੁਰਪ੍ਰੀਤ ਸਿੰਘ ਧੁੱਗਾ, ਪ੍ਰੋ. ਲਾਲੀ ਧਨੋਆ, ਪ੍ਰੋ. ਸੁਖਦੇਵ ਸਿੰਘ, ਡਾ. ਸਰਬਜੀਤ ਹੁੰਦਲ, ਪੰਜਾਬ ਲੋਕ ਰੰਗ ਦੇ ਸੁਰਿੰਦਰ ਸਿੰਘ ਧਨੋਆ, ਡਾ. ਅਜੀਤਪਾਲ ਸੰਧੂ ਅਤੇ ਰਾਜਾ ਸਵੀਟਸ ਦੇ ਰਵਿੰਦਰ ਸਿੰਘ ਤੇ ਮੱਖਣ ਬੈਂਸ ਦਾ ਅਗਾਊਂ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਅਕੈਡਮੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਮੈਂਬਰਸ਼ਿਪ ਦੇ ਨਾਲ ਨਾਲ ਕਾਨਫ਼ਰੰਸ ਲਈ ਵੀ ਸਪਾਂਸਰਸ਼ਿਪ ਦਿੱਤੀ ਗਈ ਹੈ।

ਬੈਠਕ ਵਿੱਚ ਹਾਜ਼ਰ ਸਮੂਹ ਮੈਂਬਰਾਂ ਨੇ ਕਾਨਫ਼ਰੰਸ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਆਪਣੀ ਪੂਰੀ ਵਚਨਬੱਧਤਾ ਪ੍ਰਗਟਾਈ ਅਤੇ ਆਪੋ-ਆਪਣੀਆਂ ਜ਼ਿੰਮੇਵਾਰੀਆਂ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਵਿਪਸਾ ਮੈਂਬਰਾਂ ਵੱਲੋਂ ਰਾਜਵੰਤ ਕੌਰ ਸੰਧੂ ਦੇ ਪਾਕਿਸਤਾਨੀ ਸਫ਼ਰਨਾਮੇ 'ਮੇਰੇ ਪਿਤਾ ਦੀ ਕੁਰਸੀ' ਦੀ ਮੂੰਹ ਵਿਖਾਈ ਵੀ ਕੀਤੀ ਗਈ।

ਮੀਟਿੰਗ ਵਿੱਚ ਹਰਜਿੰਦਰ ਕੰਗ, ਡਾ. ਸੁਖਵਿੰਦਰ ਕੰਬੋਜ, ਪ੍ਰੋ. ਸੁਰਿੰਦਰ ਸੀਰਤ, ਸੁਰਜੀਤ ਸਖੀ, ਅਮਰਜੀਤ ਕੌਰ ਪੰਨੂੰ, ਅਮਰਜੀਤ ਸਿੰਘ ਜੌਹਲ, ਪ੍ਰੋ. ਬਲਜਿੰਦਰ ਸਿੰਘ ਸਵੈਚ, ਮੁਕੇਸ਼ ਸ਼ਰਮਾ, ਡਾ. ਪ੍ਰਿਥੀਪਾਲ ਸਿੰਘ ਸੋਹੀ, ਹਰਿੰਦਰ ਕੌਰ ਸੋਹੀ, ਸੰਦੀਪ ਕੌਰ, ਧਰਵਿੰਦਰ, ਪ੍ਰੋ. ਸੁਖਦੇਵ ਸਿੰਘ, ਸਰਪੰਚ ਮਹਿੰਗਾ ਸਿੰਘ ਸੰਧੂ, ਕੰਵਲਦੀਪ ਕੌਰ, ਬ੍ਰਜਿੰਦਰ ਸਿੰਘ, ਵਿਜੇ ਸਿੰਘ, ਮਨਜੀਤ ਪਲਾਹੀ, ਨਵਦੀਪ ਕੌਰ ਕੰਬੋਜ ਅਤੇ ਲਾਜ ਨੀਲਮ ਸੈਣੀ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

### ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਕੀਤੀ ਜਾ ਰਹੀ ਹੈ ਫੁੱਲਾਂ ਦੀ ਸਜਾਵਟ

ਵਰਲਡ ਪੰਜਾਬੀ ਟਾਈਮਜ਼ ਨਵਜੋਤ ਕੌਰ




ਅੰਮ੍ਰਿਤਸਰ, 10 ਸਤੰਬਰ : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਅੱਜ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ ਸਮੇਤ ਸੰਗਤਾਂ ਮੌਜੂਦ ਸਨ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਗੁਰਪੁਰਬ 12 ਸਤੰਬਰ 2026 ਨੂੰ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਅੱਜ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ, ਜਿਸ ਦੇ ਭੋਗ 12 ਸਤੰਬਰ ਪੈਣਗੇ। ਉਨ੍ਹਾਂ ਦੱਸਿਆ ਕਿ 11 ਸਤੰਬਰ ਨੂੰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ ਅਤੇ ਪੰਥ ਪ੍ਰਸਿੱਧ ਰਾਗੀ ਜਥੇ ਸੰਗਤਾਂ ਨੂੰ ਗੁਰਬਾਣੀ, ਗੁਰ-ਇਤਿਹਾਸ ਨਾਲ ਜੋੜਨਗੇ। 12 ਸਤੰਬਰ ਨੂੰ ਪੁਰਾਤਨ ਪ੍ਰੰਪਰਾ ਅਨੁਸਾਰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਨਗਰ ਕੀਰਤਨ ਸਜਾਇਆ ਜਾਵੇਗਾ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸਿੰਘ ਸਾਹਿਬਾਨ ਤੇ ਪ੍ਰਮੁੱਖ ਸਖਸੀਅਤਾਂ ਹਾਜਰੀ ਭਰਨਗੀਆਂ।

ਉਨ੍ਹਾਂ ਦੱਸਿਆ ਕਿ 12 ਸਤੰਬਰ ਨੂੰ ਪਹਿਲੇ ਪ੍ਰਕਾਸ਼ ਪੁਰਬ ਵਾਲੇ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਾਏ ਜਾਣਗੇ ਅਤੇ ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਬਦ ਵਿਚਾਰ ਕੀਰਤਨ ਸਮਾਗਮ ਹੋਵੇਗਾ। ਇਸੇ ਤਰ੍ਹਾਂ ਰਾਤ ਨੂੰ ਦੀਪਮਾਲਾ ਤੇ ਆਤਿਸ਼ਬਾਜ਼ੀ ਵੀ ਹੋਵੇਗੀ। ਸ. ਮੇਜਰ ਸਿੰਘ ਨੇ ਦੱਸਿਆ ਕਿ ਪਹਿਲੇ ਪ੍ਰਕਾਸ਼ ਪੁਰਬ ਸਬੰਧੀ ਤਿਆਰੀਆਂ ਮੁਕੰਮਲ ਹੋ ਗਈਆਂ ਹਨ ਅਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਫੁੱਲਾਂ ਦੀ ਖ਼ੂਬਸੂਰਤ ਸਜਾਵਟ ਕੀਤੀ ਜਾ ਰਹੀ ਹੈ। ਉਨ੍ਹਾਂ ਸੰਗਤਾਂ ਨੂੰ ਪਰਿਵਾਰਾਂ ਸਮੇਤ ਸਮਾਗਮਾਂ 'ਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

## ਗ਼ਜ਼ਲ ਮੰਚ ਸਰੀ ਵੱਲੋਂ ਸਾਲਾਨਾ 'ਸ਼ਾਇਰਾਨਾ ਸ਼ਾਮ 2026' 19 ਸਤੰਬਰ ਨੂੰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ




ਸਰੀ, 10 ਸਤੰਬਰ : ਗ਼ਜ਼ਲ ਮੰਚ ਸਰੀ ਵੱਲੋਂ ਪੰਜਾਬੀ ਸ਼ਾਇਰੀ ਨੂੰ ਸਮਰਪਿਤ ਸਾਲਾਨਾ 'ਸ਼ਾਇਰਾਨਾ ਸ਼ਾਮ 2026' 19 ਸਤੰਬਰ, ਦਿਨ ਸ਼ਨੀਵਾਰ ਨੂੰ ਸਰੀ ਆਰਟਸ ਸੈਂਟਰ ਵਿਖੇ ਕਰਵਾਈ ਜਾ ਰਹੀ ਹੈ। ਇਸ ਮੌਕੇ ਵਿਸ਼ੇਸ਼ ਕਵੀ ਦਰਬਾਰ ਕਰਵਾਇਆ ਜਾਵੇਗਾ, ਜਿਸ ਵਿੱਚ ਕੈਨੇਡਾ ਅਤੇ ਅਮਰੀਕਾ ਦੇ ਪ੍ਰਸਿੱਧ ਸ਼ਾਇਰ ਆਪਣਾ ਕਲਾਮ ਪੇਸ਼ ਕਰਨਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਗ਼ਜ਼ਲ ਮੰਚ ਸਰੀ ਦੇ ਜਨਰਲ ਸਕੱਤਰ ਦਵਿੰਦਰ ਗੌਤਮ ਨੇ ਦੱਸਿਆ ਕਿ 'ਸ਼ਾਇਰਾਨਾ ਸ਼ਾਮ' ਦਾ ਮਕਸਦ ਵਧੀਆ ਪੰਜਾਬੀ ਸ਼ਾਇਰੀ ਨੂੰ ਸਾਹਿਤ ਪ੍ਰੇਮੀਆਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਅਤੇ ਅਮਰੀਕਾ ਵਿੱਚ ਵੱਸਦੇ ਨਾਮਵਰ ਸ਼ਾਇਰਾਂ ਦੀ ਸ਼ਮੂਲੀਅਤ ਨਾਲ ਹੋਣ ਵਾਲਾ ਇਹ ਕਵੀ ਦਰਬਾਰ ਸਰੋਤਿਆਂ ਲਈ ਯਾਦਗਾਰੀ ਸਾਹਿਤਕ ਅਨੁਭਵ ਹੋਵੇਗਾ।

ਇਸ ਸ਼ਾਮ ਦੌਰਾਨ ਲਖਵਿੰਦਰ ਕੌਰ ਲੱਕੀ, ਸੁਮਨ ਤਾਰਿਕ, ਸੁਖਜੀਤ ਹੁੰਦਲ, ਭੁਪਿੰਦਰ ਦੂਲੇ, ਕੁਲਵਿੰਦਰ, ਕੁਲਵਿੰਦਰ ਖਹਿਰਾ, ਪ੍ਰੀਤ ਮਨਪ੍ਰੀਤ, ਰਾਜਵੰਤ ਰਾਜ, ਦਵਿੰਦਰ ਗੌਤਮ, ਦਸ਼ਮੇਸ਼ ਗਿੱਲ ਫਿਰੋਜ਼, ਹਰਦਮ ਮਾਨ, ਜਸਵਿੰਦਰ, ਅਫ਼ਜ਼ਲ ਬਸ਼ੀਰ ਬਾਜਵਾ, ਗੁਰਮੀਤ ਸਿੱਧੂ, ਨੂਰ ਬੱਲ, ਬਲਦੇਵ ਸੀਹਰਾ, ਮਨਜੀਤ ਕੰਗ, ਇੰਦਰਜੀਤ ਧਾਮੀ, ਨਰਿੰਦਰ ਭਾਗੀ ਅਤੇ ਮਹਿੰਦਰਪਾਲ ਸਿੰਘ ਪਾਲ ਆਪਣੀਆਂ ਖ਼ੂਬਸੂਰਤ ਰਚਨਾਵਾਂ ਨਾਲ ਪੇਸ਼ ਹੋਣਗੇ।

ਦਵਿੰਦਰ ਗੌਤਮ ਨੇ ਦੱਸਿਆ ਕਿ ਇਹ ਪ੍ਰੋਗਰਾਮ ਸ਼ਾਮ 3 ਵਜੇ ਤੋਂ ਸ਼ਾਮ 7 ਵਜੇ ਤੱਕ ਸਰੀ ਆਰਟਸ ਸੈਂਟਰ, 13750–88 ਐਵੇਨਿਊ, ਸਰੀ ਵਿਖੇ ਹੋਵੇਗਾ। ਉਨ੍ਹਾਂ ਸਮੂਹ ਸਾਹਿਤ ਪ੍ਰੇਮੀਆਂ ਨੂੰ ਇਸ ਸ਼ਾਇਰਾਨਾ ਸ਼ਾਮ ਵਿੱਚ ਸ਼ਾਮਲ ਹੋ ਕੇ ਪੰਜਾਬੀ ਸ਼ਾਇਰੀ ਦੇ ਇਸ ਖ਼ੂਬਸੂਰਤ ਸਫ਼ਰ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ।

## ਤਰਕਸ਼ੀਲਾਂ ਵੱਲੋਂ ਵਿਗਿਆਨਕ ਚੇਤਨਾ ਵਿਕਸਤ ਹਿੱਤ ਸਸਸ ਸਕੂਲ ਬਾਲੀਆਂ ਵਿਖੇ ਤਰਕਸ਼ੀਲ ਸਮਾਗਮ ਹੋਇਆ

### ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਕੀਤਾ ਸਨਮਾਨਿਤ

### ਹਰ ਗੱਲ ਮੰਨਣ ਤੋਂ ਪਹਿਲਾਂ ਪਰਖੋ- ਮਾਸਟਰ ਪਰਮਵੇਦ

ਵਰਲਡ ਪੰਜਾਬੀ ਟਾਈਮਜ਼ ਮਾਸਟਰ ਪਰਮਵੇਦ




ਸੰਗਰੂਰ 10 ਸਤੰਬਰ : ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਵੱਲੋਂ ਵਿਦਿਆਰਥੀਆਂ ਅੰਦਰ ਵਿਗਿਆਨਕ ਚੇਤਨਾ ਵਿਕਸਤ ਹਿੱਤ ਚਲਾਈ ਮੁਹਿੰਮ ਦੀ ਲੜੀ ਵਿੱਚ ਅਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਲੀਆਂ ਵਿਖੇ ਮਾਸਟਰ ਪਰਮਵੇਦ, ਸੀਤਾ ਰਾਮ ਬਾਦਲ ਕਲਾਂ ਤੇ ਪ੍ਰਗਟ ਸਿੰਘ ਬਾਲੀਆਂ ਆਧਾਰਿਤ ਤਰਕਸ਼ੀਲ ਟੀਮ ਵੱਲੋਂ ਤਰਕਸ਼ੀਲ ਪਰੋਗਰਾਮ ਦਿੱਤਾ ਗਿਆ ।ਸਕੂਲ ਪ੍ਰਿੰਸੀਪਲ ਹਰਦੇਵ ਕੁਮਾਰ ਨੇ ਤਰਕਸ਼ੀਲ ਟੀਮ ਦਾ ਸਵਾਗਤ ਕਰਦਿਆਂ ਉਨ੍ਹਾਂ ਦੀ ਜਾਣ ਪਛਾਣ ਕਰਵਾਈ ਤੇ ਸਕੂਲ ਵਿੱਚ ਆਉਣ ਦੇ ਮਕਸਦ ਬਾਰੇ ਦੱਸਿਆ ਤੇ ਹਾਜ਼ਰੀਨ ਨੂੰ ਵਿਗਿਆਨਕ ਸੋਚ ਦੇ ਚਾਨਣ ਵਿੱਚ ਆਉਣ ਦਾ ਸੱਦਾ ਦਿੱਤਾ।ਇਸ ਮੌਕੇ ਤਰਕਸ਼ੀਲ ਆਗੂ ਮਾਸਟਰ ਪਰਮ ਵੇਦ ਤੇ ਸੀਤਾ ਰਾਮ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅੰਧਵਿਸ਼ਵਾਸ਼ਾਂ,ਵਹਿਮਾਂ- ਭਰਮਾਂ, ਲਾਈਲਗਤਾ ਤੇ ਰੂੜ੍ਹੀਵਾਦੀ ਵਿਚਾਰਾਂ ਦੇ ਹਨੇਰੇ ਵਿਚੋਂ ਨਿਕਲ ਕੇ ਆਪਣਾ ਸੋਚਣਢੰਗ




ਵਿਗਿਆਨਕ ਬਣਾਉਣ ਦਾ ਸੁਨੇਹਾ ਦਿੱਤਾ।ਉਨਾਂ ਕਿਹਾ ਕਿ ਨੈਤਿਕ ਕਦਰਾਂ ਕੀਮਤਾਂ ਦੇ ਗੁਣ ਲੜ ਬੰਨ੍ਹ ਕੇ,ਇਮਾਨਦਾਰੀ ਤੇ ਮਿਹਨਤ ਨਾਲ ,ਵਿਗਿਆਨਕ ਜਾਗਰੂਕਤਾ ਵਾਲੇ ਗੁਣ ਅਪਣਾ ਕੇ ਆਪਣੀ ਸ਼ਖਸ਼ੀਅਤ ਨੂੰ ਵਿਕਸਤ ਕਰਨਾ ਚਾਹੀਦਾ ਹੈ।ਮਾਸਟਰ ਪਰਮਵੇਦ ਨੇ ਕਿਸੇ ਗਲ ਨੂੰ ਮੰਨਣ ਤੋਂ ਪਹਿਲਾਂ ਉਸਨੂੰ ਪਰਖਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਤਰਕਸ਼ੀਲ ਸੁਸਾਇਟੀ ਲੋਕਾਂ ਅੰਦਰ ਵਿਗਿਆਨਕ ਸੋਚ ਤੇ ਭਾਈਚਾਰਕ ਸਾਂਝ ਦੇ ਪਸਾਰੇ ਨਾਲ ਉਨ੍ਹਾਂ ਦੇ ਦਿਲ ਦਿਮਾਗ਼ ਨੂੰ ਰੁਸ਼ਨਾਉਣਾ ਚਾਹੁੰਦੀ ਹੈ। ਇਸ ਮੌਕੇ ਤਰਕਸ਼ੀਲਾਂ ਨੇ ਚੇਤਨਾ ਪਰਖ ਪ੍ਰੀਖਿਆ ਵਿੱਚ ਸ਼ਮੂਲੀਅਤ ਕਰਨ ਵਾਲੇ ਵਿਦਿਆਰਥੀਆਂ , ਸਹਿਯੋਗ ਕਰਨ ਲਈ ਅਧਿਆਪਕਾਂ ਨੂੰ ਸਨਮਾਨ ਪੱਤਰ ਤੇ ਵਿਗਿਆਨਕ ਵਿਚਾਰਾਂ ਵਾਲਾ ਸਾਹਿਤ ਦੇ ਕੇ ਤੇ ਸਕੂਲ ਪ੍ਰਿੰਸੀਪਲ ਹਰਦੇਵ ਕੁਮਾਰ ਨੂੰ ਇਕਾਈ ਸੰਗਰੂਰ ਦਾ ਹਰ ਪੱਖੋਂ ਸਹਿਯੋਗ ਕਰਨ ਕਰਕੇ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਅਧਿਆਪਕਾਂ ਨਵਨੀਤ ਕੌਰ, ਰੇਣੂ ਗੁਪਤਾ, ਕਰਮਜੀਤ ਕੌਰ , ਹਰਦੀਪ ਕੌਰ,ਨੀਲ ਕਮਲ ,ਸਤਬੀਰ ਕੌਰ,ਜਗਦੀਪ ਕੌਰ,ਲੀਜ਼ਾ ਗਰਗ , ਕਰਮਜੀਤ ਕੌਰ , ਚਰਨਜੀਤ ਕੌਰ, ਪਰਮਜੀਤ ਕੌਰ, ਹਰਜੀਤ ਸਿੰਘ, ਕੁਲਜੀਤ ਸਿੰਘ, ਕਰਮ ਸਿੰਘ ਨੇ ਸ਼ਮੂਲੀਅਤ ਕੀਤੀ।

## ਬੀਬੀ ਹਰਜੀਤ ਕੌਰ ਦੇ ਪਾਰਟੀ 'ਚ ਆਉਣ ਨਾਲ ਪਾਰਟੀ ਨੂੰ ਮਿਲੇਗੀ ਮਜ਼ਬੂਤੀ : ਮਨਤਾਰ ਸਿੰਘ ਬਰਾੜ

### ਪਾਰਟੀ ਦੀ ਬਿਹਤਰੀ ਅਤੇ ਤਰੱਕੀ ਲਈ ਯਤਨਸ਼ੀਲ ਰਹਿਣਗੇ : ਹਰਜੀਤ ਕੌਰ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 10 ਸਤੰਬਰ : ਵਿਧਾਨ ਸਭਾ ਹਲਕਾ ਕੋਟਕਪੂਰਾ ਅਧੀਨ ਆਉਂਦੇ ਪਿੰਡ ਸਿਰਸੜੀ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਉਦੋਂ ਬਲ ਮਿਲਿਆ ਜਦੋਂ ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਕੋਟਕਪੂਰਾ ਦੀ ਅਗਵਾਈ ਹੇਠ ਬੀਬੀ ਹਰਜੀਤ ਕੌਰ ਪਤਨੀ ਜਗਦੇਵ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਮੂਲੀਅਤ ਕੀਤਾ।

ਬੀਬੀ ਪਰਮਜੀਤ ਕੌਰ ਦੇਵੀਵਾਲਾ ਦੇ ਸਹਿਯੋਗ ਨਾਲ ਅਕਾਲੀ ਵਿਚ ਸ਼ਾਮਲ ਹੋਏ ਬੀਬੀ ਹਰਜੀਤ ਕੌਰ ਨੇ ਕਿਹਾ ਕਿ ਉਹ ਪਾਰਟੀ ਦੀ ਬੇਹਤਰੀ ਅਤੇ ਤਰੱਕੀ ਲਈ ਯਤਨਸ਼ੀਲ ਰਹਿਣਗੇ ਅਤੇ ਆਪਣੇ ਸਹਿਯੋਗੀਆਂ ਨੂੰ ਵੀ ਪਾਰਟੀ ਦੀਆਂ ਨੀਤੀਆਂ ਸਬੰਧੀ ਜਾਗਰੂਕ ਕਰਨਗੇ। ਇਸ ਮੌਕੇ ਮਨਤਾਰ ਸਿੰਘ ਬਰਾੜ ਨੇ ਕਿਹਾ ਕਿ ਬੀਬੀ ਹਰਜੀਤ ਕੌਰ ਦੇ ਪਾਰਟੀ ਵਿਚ ਸ਼ਾਮਲ ਹੋਣ ਨਾਲ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਵਿਚ ਵਿਸ਼ੇਸ਼ ਸਹਿਯੋਗ ਮਿਲੇਗਾ ਅਤੇ ਇਲਾਕੇ ਅੰਦਰ ਪਾਰਟੀ ਹੋਰ ਮਜਬੂਤ ਹੋਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਮਨਜੀਤ ਕੌਰ ਨੰਗਲ ਪ੍ਰਧਾਨ ਇਸਤਰੀ ਅਕਾਲੀ ਦਲ ਜ਼ਿਲਾ ਫਰੀਦਕੋਟ, ਬੀਬੀ ਮਨਪ੍ਰੀਤ ਕੌਰ, ਬੀਬੀ ਸਰਬਜੀਤ ਕੌਰ, ਬੀਬੀ ਰਾਜ ਰਾਣੀ, ਬੀਬੀ ਸੰਤੋਸ਼ ਰਾਣੀ, ਬੀਬੀ ਸ਼ੀਲਾ ਮਿੱਤਲ, ਬੀਬੀ ਕਾਂਤਾ ਮੱਕੜ ਅਤੇ ਬੀਬੀ ਆਸ਼ਾ ਰਾਣੀ ਆਦਿ ਵੀ ਹਾਜਰ ਸਨ।

# 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਕਰਵਾਇਆ ਜਾਣੂ

## ਭਗਵੰਤ ਮਾਨ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ : ਡਾ. ਬਲਬੀਰ ਸਿੰਘ

## ਪੰਜਾਬ ਸਰਕਾਰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ ‘ਤੇ ਚੱਲਕੇ ਸਭ ਵਰਗਾਂ ਦੀ ਭਲਾਈ ਲਈ ਵਚਨਬੱਧ – ਸਿਹਤ ਮੰਤਰੀ

## ਕਿਹਾ, ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਮਹਾਨ ਵਿਚਾਰਧਾਰਾ ਨਾਲ ਜੋੜਨ ਲਈ ਲਿਆ ਆਧੁਨਿਕ ਡਿਜੀਟਲ ਤਕਨੀਕ ਦਾ ਸਹਾਰਾ

## ਸਿਹਤ ਮੰਤਰੀ, ਸੂਬਾ ਪ੍ਰਧਾਨ ਜੀ.ਪੀ ਤੇ ਡੀ.ਸੀ. ਸਮੇਤ ਪਟਿਆਲਾ ਦਿਹਾਤੀ ਹਲਕੇ ‘ਚੋਂ ਵੱਡੀ ਗਿਣਤੀ ਪੁੱਜੀ ਸੰਗਤ ਨੇ ਪੰਜਾਬ ਸਰਕਾਰ ਵੱਲੋਂ ਕਰਵਾਏ ਦਿਲਕਸ਼ ਡਰੋਨ ਸ਼ੋਅ ਦਾ ਅਨੰਦ ਮਾਣਿਆ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 10 ਸਤੰਬਰ: ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅੱਜ ਦੇਰ ਸ਼ਾਮ ਪਟਿਆਲਾ ਦਿਹਾਤੀ ਹਲਕੇ ਵਿਖੇ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਜਾਣੂੰ ਕਰਵਾਇਆ। ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਆਮ ਆਦਮੀ ਪਾਰਟੀ ਦੇ ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀ.ਪੀ ਸਮੇਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪਟਿਆਲਾ ਦਿਹਾਤੀ ਹਲਕੇ ‘ਚੋਂ ਵੱਡੀ ਗਿਣਤੀ ਪੁੱਜੀ ਸੰਗਤ ਨੇ ਇਸ ਦਿਲਕਸ਼ ਡਰੋਨ ਸ਼ੋਅ ਦਾ ਬੜੀ ਸ਼ਰਧਾ ਭਾਵਨਾ ਨਾਲ ਅਨੰਦ ਮਾਣਿਆ। ਇਸ ਮੌਕੇ ਸਿਹਤ ਮੰਤਰੀ ਨੇ ਕਿਹਾ ਕਿ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ ‘ਤੇ ਚੱਲਕੇ ਸਭ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ।



ਇੱਥੇ ਅਨਾਜ ਮੰਡੀ ਵਿਖੇ ਅਸਮਾਨ ਵਿੱਚ ਰਾਤ ਦੇ ਹਨੇਰੇ ‘ਚ ਇਕੱਠੇ ਉੱਡਦੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਵਿਚਾਰਧਾਰਾ ਅਤੇ ਮਹਾਨ ਫ਼ਲਸਫ਼ੇ ਨੂੰ ਦਰਸਾਉਂਦੇ ਦਿਲਕਸ਼ ਦ੍ਰਿਸ਼ ਪੇਸ਼ ਕੀਤੇ ਗਏ। ਇਸ ਸ਼ਾਨਦਾਰ ਸ਼ੋਅ ਨੂੰ ਦੇਖਦਿਆਂ ਮੰਤਰ ਮੁਗਧ ਹੋਈ ਸੰਗਤ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

ਇਸ ਮੌਕੇ ਸੰਗਤ ਵੱਲੋਂ ਦਿਖਾਏ ਗਏ ਉਤਸ਼ਾਹ ਲਈ ਧੰਨਵਾਦ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਮਹਾਨ ਵਿਚਾਰਧਾਰਾ ਨਾਲ ਜੋੜਨ ਲਈ ਡਰੋਨ ਸ਼ੋਅ ਵਾਲੀ ਆਧੁਨਿਕ ਡਿਜੀਟਲ ਤਕਨੀਕ ਰਾਹੀਂ ਗੁਰੂ ਜੀ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਰਾਤ ਦੇ ਅਸਮਾਨ ਵਿੱਚ ਜੀਵੰਤ ਰੂਪ ਵਿੱਚ ਪੇਸ਼ ਕਰਨ ਦਾ ਉਪਰਾਲਾ ਕੀਤਾ ਗਿਆ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਭਾਈਚਾਰੇ, ਮਿਹਨਤ, ਸੱਚੇ ਆਚਰਣ ਅਤੇ ਸਾਂਝੀਵਾਲਤਾ ਦਾ ਮਾਰਗ ਦਰਸਾਉਂਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਜੀ ਦਾ ਫ਼ਲਸਫ਼ਾ ਕਿਸੇ ਇੱਕ ਵਰਗ ਜਾਂ ਭਾਈਚਾਰੇ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਆਜ਼ਾਦੀ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਮਹਾਨ ਸੰਦੇਸ਼ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਗੁਰੂ ਜੀ ਨੇ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਇਹ ਸੰਦੇਸ਼ ਦਿੱਤਾ ਕਿ ਮਨੁੱਖ ਦੀ ਮਹਾਨਤਾ ਉਸਦੇ ਜਨਮ ਜਾਂ ਕੁਲ ਵਿੱਚ ਨਹੀਂ, ਸਗੋਂ ਉਸਦੇ ਚੰਗੇ ਕਰਮਾਂ, ਉੱਚੇ ਆਚਰਣ ਅਤੇ ਮਾਨਵਤਾ ਪ੍ਰਤੀ ਸਮਰਪਣ ਵਿੱਚ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਸਾਲ ਤੱਕ ਚੱਲਣ ਵਾਲੇ ਸਮਾਗਮਾਂ ਲਈ 100 ਕਰੋੜ ਰੁਪਏ ਤੋਂ ਵੱਧ ਦਾ ਬਜਟ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਗੁਰੂ ਸਾਹਿਬ ਦੇ ਮਹਾਨ ਵਿਚਾਰਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਆਧੁਨਿਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ।

ਸਮਾਗਮ ਮੌਕੇ ਢਾਡੀ ਤਰਸੇਮ ਸਿੰਘ ਖੇਤਲਾ ਦੇ ਜਥੇ ਨੇ ਇਤਿਹਾਸ ਤੇ ਢਾਡੀ ਵਾਰਾਂ ਨਾਲ ਸੰਗਤ ਨੂੰ ਨਿਹਾਲ ਕੀਤਾ।

ਇਸ ਮੌਕੇ ਮੇਅਰ ਕੁੰਦਨ ਗੋਗੀਆ, ਏਡੀਸੀ ਦਮਨਜੀਤ ਸਿੰਘ ਮਾਨ, ਐਸ ਪੀ ਮੋਹਿਤ ਅਗਰਵਾਲ, ਆਪ ਦੇ ਦਿਹਾਤੀ ਪ੍ਰਧਾਨ ਤੇ ਇੰਪਰੂਵਮੈਂਟ ਟਰਸਟ ਚੇਅਰਮੈਨ ਹਰਪਾਲ ਸਿੰਘ ਵਿਰਕ, ਐਸ ਸੀ ਵਿੰਗ ਜੋਨ ਇੰਚਾਰਜ ਅਮਰੀਕ ਸਿੰਘ ਬੰਗੜ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਮਾਰਕੀਟ ਕਮੇਟੀ ਅਸ਼ੋਕ ਸਿਰਸਵਾਲ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਹਲਕਾ ਕੋਆਰਡੀਨੇਟਰ ਲਾਲ ਸਿੰਘ, ਜਸਬੀਰ ਸਿੰਘ ਗਾਂਧੀ, ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਸੁਰਜੀਤ ਸਿੰਘ ਅਬਲੋਵਾਲ, ਯੂਥ ਵਿੰਗ ਦੇ ਸੂਬਾ ਜਨਰਲ ਸਕੱਤਰ ਸ਼ਿਵਰਾਜ ਵਿਰਕ, ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ, ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਜਸਵੰਤ ਰਾਏ, ਵੱਡੀ ਗਿਣਤੀ ਕੌਂਸਲਰ, ਪੰਚ ਸਰਪੰਚ, ਐਸ.ਡੀ.ਐਮ. ਗੁਰਦੇਵ ਸਿੰਘ, ਸ੍ਰੀ ਗੁਰੂ ਰਵਿਦਾਸ ਜੀ ਸਭਾਵਾਂ, ਕਲੱਬ ਅਤੇ ਹੋਰ ਸੰਸਥਾਵਾਂ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਡੀ ਹਲਕਾ ਪਟਿਆਲਾ ਦੇ ਨਿਵਾਸੀ ਮੌਜੂਦ ਸਨ।

ਫੋਟੋ ਕੈਪਸ਼ਨ- ਪਟਿਆਲਾ ਦਿਹਾਤੀ ਹਲਕੇ ਵਿੱਚ ਅਨਾਜ ਮੰਡੀ ਵਿਖੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਡਰੋਨ ਸ਼ੋਅ ਦਾ ਅਨੰਦ ਮਾਣਦੇ ਹੋਏ ਸਿਹਤ ਡਾ. ਮੰਤਰੀ ਬਲਬੀਰ ਸਿੰਘ, ਗੁਰਪ੍ਰੀਤ ਸਿੰਘ ਜੀਪੀ ਅਤੇ ਵੱਡੀ ਗਿਣਤੀ ਵਿੱਚ ਪੁੱਜੀ ਸੰਗਤ।

# ਅਰਵਿੰਦ ਕੇਜਰੀਵਾਲ ਦੇ ਦੁਬਾਰਾ ‘ਆਪ’ ਦੇ ਰਾਸ਼ਟਰੀ ਕਨਵੀਨਰ ਬਣਨ ‘ਤੇ ਜਸਵਿੰਦਰ ਸਿੰਘ ਬੱਬੂ ਵੱਲੋਂ ਖੁਸ਼ੀ ਦਾ ਪ੍ਰਗਟਾਵਾ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ





ਕੋਟਕਪੂਰਾ, 10 ਸਤੰਬਰ : ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਜੀ ਨੂੰ ਦੁਬਾਰਾ ਸਰਬਸੰਮਤੀ ਨਾਲ ਆਮ ਆਦਮੀ ਪਾਰਟੀ ਦਾ ਰਾਸ਼ਟਰੀ ਕਨਵੀਨਰ ਚੁਣੇ ਜਾਣ ‘ਤੇ ਹਲਕਾ ਫਰੀਦਕੋਟ ਦੇ ਪਾਰਟੀ ਵਰਕਰਾਂ ਅਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲ ਰਹੀ ਹੈ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੋਸ਼ਲ ਮੀਡੀਆ ਫਰੀਦਕੋਟ ਦੇ ਹਲਕਾ ਕੋਆਰਡੀਨੇਟਰ ਜਸਵਿੰਦਰ ਸਿੰਘ ਬੱਬੂ ਨੇ ਦੱਸਿਆ ਕਿ ਅਰਵਿੰਦ ਕੇਜਰੀਵਾਲ ਜੀ ਦੀ ਕੁਸ਼ਲ ਅਤੇ ਨਿਰਪੱਖ ਅਗਵਾਈ ਹੇਠ ਆਮ ਆਦਮੀ ਪਾਰਟੀ ਨੇ ਦੇਸ਼ ਭਰ ਵਿੱਚ ਇੱਕ ਨਵੀਂ ਰਾਜਨੀਤਿਕ ਕ੍ਰਾਂਤੀ ਲਿਆਂਦੀ ਹੈ। ਉਨ੍ਹਾਂ ਦੀ ਦੂਰਅੰਦੇਸ਼ ਸੋਚ ਅਤੇ ਲੋਕ-ਹਿੱਤੂ ਨੀਤੀਆਂ ਕਾਰਨ ਹੀ ਅੱਜ ਪਾਰਟੀ ਦੇਸ਼ ਦੇ ਕੋਨੇ-ਕੋਨੇ ਵਿੱਚ ਮਜ਼ਬੂਤ ਹੋ ਰਹੀ ਹੈ। ਜਸਵਿੰਦਰ ਸਿੰਘ ਬੱਬੂ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਜੀ ਦੇ ਦੁਬਾਰਾ ਰਾਸ਼ਟਰੀ ਕਨਵੀਨਰ ਬਣਨ ਨਾਲ ਪਾਰਟੀ ਦੇ ਹਰ ਇੱਕ ਵਰਕਰ ਵਿੱਚ ਨਵਾਂ ਜੋਸ਼ ਭਰ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ‘ਆਪ’ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਬੁਲੰਦੀਆਂ ਨੂੰ ਛੂਹੇਗੀ ਅਤੇ ਆਮ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਚੁੱਕਦੀ ਰਹੇਗੀ। ਇਸ ਮੌਕੇ ਹਲਕਾ ਕੋਆਰਡੀਨੇਟਰ ਬੱਬੂ ਨੇ ਸਮੁੱਚੀ ਲੀਡਰਸ਼ਿਪ ਅਤੇ ਪਾਰਟੀ ਵਰਕਰਾਂ ਵੱਲੋਂ ਅਰਵਿੰਦ ਕੇਜਰੀਵਾਲ ਜੀ ਨੂੰ ਇਸ ਨਵੀਂ ਜ਼ਿੰਮੇਵਾਰੀ ਲਈ ਲੱਖ-ਲੱਖ ਵਧਾਈਆਂ ਦਿੱਤੀਆਂ।

# ਡਿਪਟੀ ਕਮਿਸ਼ਨਰ ਵੱਲੋਂ ਤਿਉਹਾਰਾਂ ਦੇ ਮੱਦੇਨਜ਼ਰ ਫੂਡ ਸੇਫਟੀ ਵਿਭਾਗ ਨੂੰ ਹੋਰ ਚੌਕਸੀ ਤੇ ਸਖ਼ਤੀ ਨਾਲ ਚੈਕਿੰਗ ਕਰਨ ਦੇ ਨਿਰਦੇਸ਼

## ਖਾਣ-ਪੀਣ ਦੀਆਂ ਮਿਲਾਵਟੀ ਜਾਂ ਗੈਰ-ਮਿਆਰੀ ਵਸਤਾਂ ਵੇਚਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ: ਡਾ. ਹਿਮਾਂਸ਼ੂ ਅਗਰਵਾਲ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 10 ਸਤੰਬਰ:ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਹੈ ਕਿ ਜ਼ਿਲ੍ਹਾ ਪਟਿਆਲਾ ਵਿੱਚ ਖਾਣ-ਪੀਣ ਦੀਆਂ ਵਸਤਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕੋਈ ਵਿਅਕਤੀ ਜਾਂ ਅਦਾਰਾ ਮਿਲਾਵਟੀ, ਗੈਰ-ਮਿਆਰੀ ਜਾਂ ਅਸੁਰੱਖਿਅਤ ਖਾਣ-ਪੀਣ ਦੀਆਂ ਵਸਤਾਂ ਵੇਚਦਾ ਪਾਇਆ ਗਿਆ ਤਾਂ ਉਸ ਨੂੰ ਕਿਸੇ ਵੀ ਕੀਮਤ ‘ਤੇ ਬਖ਼ਸ਼ਿਆ ਨਹੀਂ ਜਾਵੇਗਾ। ਭੋਜਨ ਸੁਰੱਖਿਆ ਸਬੰਧੀ ਇੱਕ ਅਹਿਮ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਤਿਉਹਾਰਾਂ ਦੇ ਮੱਦੇਨਜ਼ਰ ਫੂਡ ਸੇਫਟੀ ਵਿਭਾਗ ਨੂੰ ਹੋਰ ਚੌਕਸੀ ਅਤੇ ਸਖ਼ਤੀ ਨਾਲ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਤਿਉਹਾਰੀ ਸੀਜ਼ਨ ਦੌਰਾਨ ਮਠਿਆਈਆਂ, ਦੁੱਧ ਤੋਂ ਬਣੀਆਂ ਵਸਤਾਂ, ਖੋਆ, ਪਨੀਰ, ਤੇਲ, ਘਿਓ ਅਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ ‘ਤੇ ਵਿਸ਼ੇਸ਼ ਨਜ਼ਰ ਰੱਖੀ ਜਾਵੇ ਅਤੇ ਸ਼ੱਕੀ ਵਸਤਾਂ ਦੇ ਸੈਂਪਲ ਲੈ ਕੇ ਉਨ੍ਹਾਂ ਦੀ ਜਾਂਚ ਯਕੀਨੀ ਬਣਾਈ ਜਾਵੇ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਭੋਜਨ ਪਦਾਰਥਾਂ ਵਿੱਚ ਮਿਲਾਵਟਖੋਰੀ ਨਾ ਸਿਰਫ਼ ਕਾਨੂੰਨ ਦੀ ਉਲੰਘਣਾ ਹੈ, ਸਗੋਂ ਇਹ ਲੋਕਾਂ ਦੀ ਸਿਹਤ ਨਾਲ ਸਿੱਧਾ ਜੁੜਿਆ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦਾ ਮੁੱਖ ਉਦੇਸ਼ ਲੋਕਾਂ ਨੂੰ ਸਾਫ਼-ਸੁਥਰੀਆਂ, ਸੁਰੱਖਿਅਤ ਅਤੇ ਮਿਆਰੀ ਖਾਣ-ਪੀਣ ਦੀਆਂ ਵਸਤਾਂ ਉਪਲਬਧ ਕਰਵਾਉਣਾ ਹੈ। ਉਨ੍ਹਾਂ ਫੂਡ ਸੇਫਟੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਚੈਕਿੰਗ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਅਦਾਰਿਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਨ ਦੇ ਨਾਲ-ਨਾਲ ਲੋਕਾਂ ਵਿੱਚ ਭੋਜਨ ਸੁਰੱਖਿਆ ਸਬੰਧੀ ਜਾਗਰੂਕਤਾ ਵੀ ਵਧਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਭੋਜਨ ਅਦਾਰਿਆਂ ਤੋਂ ਵਰਤਿਆ ਹੋਇਆ ਖਾਣਾ ਪਕਾਉਣ ਵਾਲਾ ਤੇਲ (ਯੂਸੀਓ), ਭਾਵ ਤਲਣ ਤੋਂ ਬਾਅਦ ਬਚਿਆ ਹੋਇਆ ਤੇਲ, ਇਕੱਠਾ ਕਰਕੇ ਇਸ ਨੂੰ ਬਾਇਓਡੀਜ਼ਲ ਦੇ ਉਤਪਾਦਨ ਲਈ ਵਰਤਣ ‘ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵਰਤੇ ਹੋਏ ਖਾਣਾ ਪਕਾਉਣ ਵਾਲੇ ਤੇਲ ਨੂੰ ਮੁੜ ਖਾਣਾ ਬਣਾਉਣ ਲਈ ਵਰਤਣਾ ਸਿਹਤ ਲਈ ਹਾਨੀਕਾਰਕ ਹੋ ਸਕਦਾ ਹੈ, ਇਸ ਲਈ ਇਸ ਦੇ ਸਹੀ ਨਿਪਟਾਰੇ ਅਤੇ ਸੁਰੱਖਿਅਤ ਢੰਗ ਨਾਲ ਇਕੱਠਾ ਕਰਨ ਲਈ ਫੂਡ ਸੇਫਟੀ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨਾ ਲਾਜ਼ਮੀ ਹੈ।

ਡੀਐਚਓ ਡਾ. ਗੁਰਪ੍ਰੀਤ ਕੌਰ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਅਨੁਸਾਰ ਲੋਕਾਂ ਨੂੰ ਮਿਆਰੀ ਅਤੇ ਸੁਰੱਖਿਅਤ ਖਾਣ-ਪੀਣ ਦੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਚੈਕਿੰਗ ਮੁਹਿੰਮ ਲਗਾਤਾਰ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਤਿਉਹਾਰੀ ਸੀਜ਼ਨ ਦੌਰਾਨ ਵਿਸ਼ੇਸ਼ ਤੌਰ ‘ਤੇ ਮਠਿਆਈਆਂ ਅਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ ਦੀ ਜਾਂਚ ਨੂੰ ਤਰਜੀਹ ਦਿੱਤੀ ਜਾਵੇਗੀ।

ਮੀਟਿੰਗ ਵਿੱਚ ਓਐਸਡੀ (ਸ਼ਹਿਰੀ ਵਿਕਾਸ) ਮੁਕਾਲਿਨ ਆਰ, ਸਿਵਲ ਸਰਜਨ ਡਾ. ਸ਼ੈਲੀ ਜੇਤਲੀ, ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ, ਹੋਰ ਵਿਭਾਗਾਂ ਦੇ ਅਧਿਕਾਰੀ, ਸਮਾਜਿਕ ਨੁਮਾਇੰਦੇ, ਫੂਡ ਇੰਸਪੈਕਟਰਾਂ ਦੇ ਨਾਲ-ਨਾਲ ਭੋਜਨ ਸੁਰੱਖਿਆ ਦੇ ਖੇਤਰ ਵਿੱਚ ਕੰਮ ਕਰ ਰਹੀ ਕੰਪਨੀ ਈਕੋਇਲ ਦੇ ਪ੍ਰਤੀਨਿਧੀ ਵੀ ਹਾਜ਼ਰ ਸਨ।

# ਬਲਾਕ ਪੱਧਰੀ ਖੇਡਾਂ ਦੇ ਦੂਜੇ ਦਿਨ ਫੱਸਵੇਂ ਮੁਕਾਬਲੇ ਹੋਏ

## ਬਲਾਕ ਕੁੰਮਕਲਾਂ, ਡੇਹਲੋਂ, ਜਗਰਾਉਂ, ਦੋਰਾਹਾ ਤੇ ਸਮਰਾਲਾ ’ਚ ਖਿਡਾਰੀਆਂ ਨੇ ਆਪਣੇ ਜੌਹਰ ਵਿਖਾਏ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 10 ਸਤੰਬਰ : ਖੇਡਾਂ ਵਤਨ ਪੰਜਾਬ ਦੀਆਂ 2026 ਅਧੀਨ ਮਾਨਯੋਗ ਡਾਇਰੈਕਟਰ ਸਪੋਰਟਸ ਪੰਜਾਬ ਦੇ ਆਦੇਸ਼ ਅਤੇ ਜਿਲ੍ਹਾ ਪ੍ਰਸ਼ਾਸ਼ਨ ਦੀ ਯੋਗ ਰਹਿਨੁਮਾਈ ਹੇਠ ਜਿਲ੍ਹਾ ਲੁਧਿਆਣਾ ਦੇ ਵੱਖ ਵੱਖ 13 ਬਲਾਕਾਂ ਵਿੱਚ ਹੋ ਰਹੀਆਂ ਬਲਾਕ ਪੱਧਰੀ ਖੇਡਾਂ ਦੇ ਦੂਜੇ ਪੜਾਅ ਦੇ 5 ਬਲਾਕ ਕੁੰਮਕਲਾਂ, ਡੇਹਲੋਂ, ਜਗਰਾਉਂ , ਦੋਰਾਹਾ ਅਤੇ ਸਮਰਾਲਾ ਵਿੱਚ ਖੇਡ ਮੁਕਾਬਲੇ ਸ਼ੁਰੂ ਕਰਵਾਏ ਗਏ। ਇਹਨਾ ਬਲਾਕ ਪੱਧਰੀ ਖੇਡਾਂ ਦੇ ਦੂਜੇ ਦਿਨ ਦੇ ਨਤੀਜੇ ਹੇਠ ਲਿਖੇ ਅਨੁਸਾਰ ਹਨ:-

1 ਬਲਾਕ ਕੁੰਮ ਕਲਾਂ – ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਹਨੇਵਾਲ ਖੁਰਦ

ਇਸ ਬਲਾਕ ਦੀਆਂ ਖੇਡਾਂ ਦੇ ਦੂਜੇ ਦਿਨ ਦੇ ਮੁਕਾਬਲਿਆਂ ਵਿੱਚ ਐਥਲੈਟਿਕਸ ਅੰ17 ਲੜਕਿਆਂ ਦੇ 100 ਮੀਟਰ ਈਵੈਂਟ ਵਿੱਚ ਜਗਜੀਤ ਸਿੰਘ ਨੇ ਪਹਿਲਾ,ਆਯੂਸ਼ ਯਾਦਵ ਨੇ ਦੂਜਾ, ਲਵਿਸ਼ ਵਰਮਾ ਨੇ ਤੀਜਾ ਸਥਾਨ, 200 ਮੀਟਰ ਵਿੱਚ ਲਵਿਸ਼ ਵਰਮਾ ਨੇ ਪਹਿਲਾ, ਵਿਰੇਨ ਨੇ ਦੂਜਾ ਅਤੇ ਅੰਸ਼ਵੀਰ ਸਿੰਘ ਨੇ ਤੀਜਾ ਸਥਾਨ; 800 ਮੀਟਰ ਵਿੱਚ- ਵਿਕਾਸ ਯਾਦਵ ਨੇ ਪਹਿਲਾ, ਅਨਿਕੇਤ ਮਿਸ਼ਰਾ ਨੇ ਦੂਜਾ, ਕਰਨਵੀਰ ਸਿੰਘ ਨੇ ਤੀਜਾ ਸਥਾਨ; 1500 ਮੀਟਰ ਵਿੱਚ – ਕਾਰਤਿਕ ਨੇ ਪਹਿਲਾ, ਏਕਮਵੀਰ ਸਿੰਘ ਨੇ ਦੂਜਾ ਅਤੇ ਹਰਮਨਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ 17 ਲੜਕੀਆਂ ਦੇ ਮੁਕਾਬਲਿਆਂ ਵਿੱਚ 100 ਮੀਟਰ ਵਿੱਚ – ਪ੍ਰਭਲੀਨ ਕੌਰ ਨੇ ਪਹਿਲਾ, ਨਵਨੀਤ ਕੌਰ ਨੇ ਦੂਜਾ, ਪਿੰਕੀ ਚੌਰਸੀਆ ਨੇ ਤੀਜਾ ਸਥਾਨ; 200 ਮੀਟਰ ਵਿੱਚ – ਰੌਸ਼ਨੀ ਨੇ ਪਹਿਲਾ, ਲਵਮੀਤ ਕੌਰ ਨੇ ਦੂਜਾ ਅਤੇ ਨਵਨੀਤ ਕੌਰ ਨੇ ਤੀਜਾ ਸਥਾਨ; 400 ਮੀਟਰ ਵਿੱਚ – ਰੌਸ਼ਨੀ ਨੇ ਪਹਿਲਾ, ਕਨੀਸ਼ਾ ਨੇ ਦੂਜਾ ਸਥਾਨ ਅਤੇ ਸ਼ੇਖ ਅਲਵੀਰਾ ਖਾਨ ਨੇ ਤੀਜਾ ਸਥਾਨ; ਲੰਮੀ ਛਾਲ ਵਿੱਚ – ਨਵਨੀਤ ਕੌਰ ਨੇ ਪਹਿਲਾ, ਜੰਨਤ ਖੁਰਾਣਾ ਨੇ ਦੂਜਾ ਅਤੇ ਰੀਤਿਕਾ ਰਾਣਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਐਥਲੈਟਿਕਸ ਅੰ 21 ਲੜਕਿਆਂ ਦੇ 100 ਮੀਟਰ ਵਿੱਚ –ਰਣਵੀਰ ਸਿੰਘ ਨੇ ਪਹਿਲਾ, ਹਰਮਨਦੀਪ ਸਿੰਘ ਨੇ ਦੂਜਾ ਅਤੇ ਵਿਨੀਤ ਸਰੋਜ ਨੇ ਤੀਜਾ ਸਥਾਨ; 200 ਮੀਟਰ ਵਿੱਚ – ਤੁਸ਼ਾਰ ਨੇ ਪਹਿਲਾ, ਰਾਜ ਕੁਮਾਰ ਨੇ ਦੂਜਾ, ਸੂਰਿਆਕਾਂਤ ਨੇ ਤੀਜਾ ਸਥਾਨ; 400 ਮੀਟਰ ਵਿੱਚ – ਨਵਜੀਤ ਸਿੰਘ ਨੇ ਪਹਿਲਾ, ਰਾਜ ਕੁਮਾਰ ਨੇ ਦੂਜਾ ਅਤੇ ਸੂਰਿਆਕਾਂਤ ਨੇ ਤੀਜਾ ਸਥਾਨ; ਲੰਮੀ ਛਾਲ ਵਿੱਚ – ਰਣਬੀਰ ਸਿੰਘ ਨੇ ਪਹਿਲਾ, ਹਰਮਨਦੀਪ ਸਿੰਘ ਨੇ ਦੂਜਾ ਅਤੇ ਬਾਦਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

2 ਬਲਾਕ ਡੇਹਲੋਂ – ਸੰਤੋਖ ਸਿੰਘ ਮਰਦਿੰਗ ਸਟੇਡੀਅਮ, ਪਿੰਡ ਦੁਲੇਅ

ਇਸ ਬਲਾਕ ਦੇ ਦੂਜੇ ਦਿਨ ਦਿਨ ਦੇ ਨਤੀਜਿਆਂ ਵਿੱਚ ਕਬੱਡੀ ਨੈਸ਼ਨਲ ਅੰ17 ਲੜਕਿਆਂ ਦੇ ਮੁਕਾਬਲਿਆਂ ਵਿਚ ਪਿੰਡ ਕਾਲਖ ਦੀ ਟੀਮ ਨੇ ਪਹਿਲਾ, ਕੈਂਡ ਦੀ ਟੀਮ ਨੇ ਦੂਜ਼ਾ ਅਤੇ ਸਰਕਾਰੀ ਹਾਈ ਸਕੂਲ ਸਰੀਂਹ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਬੱਡੀ ਨੈਸ਼ਨਲ ਅੰ 17 ਲੜਕੀਆਂ ਦੇ ਮੁਕਾਬਲਿਆਂ ਵਿੱਚ ਕਿਲ੍ਹਾ ਰਾਏਪੁਰ ਦੀ ਟੀਮ ਨੇ ਪਹਿਲਾ, ਸਰੀਂਹ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

3 ਬਲਾਕ ਜਗਰਾਉਂ – ਕਲਗੀਧਰ ਸਟੇਡੀਅਮ, ਕਮਾਲਪੁਰਾ

ਇਸ ਬਲਾਕ ਦੀਆਂ ਖੇਡਾਂ ਦੇ ਦੂਜੇ ਦਿਨ ਦੇ ਮੁਕਾਬਲਿਆਂ ਵਿੱਚ ਫੁੱਟ੍ਬਾਲ ਅੰ 17 ਲੜਕਿਆਂ ਵਿੱਚ – ਅਮਰਗੜ੍ਹ ਕਲੇਰ ਦੀ ਟੀਮ ਨੇ ਪਹਿਲਾ ਅਤੇ ਪਿੰਡ ਮੱਲਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 21-30 ਗਰੁੱਪ ਵਿੱਚ – ਮੌਰਨਿੰਗ ਕਲੱਬ ਮੱਲਾ ਦੀ ਟੀਮ ਨੇ ਪਹਿਲਾ ਅਤੇ ਪਿੰਡ ਮੱਲਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਖੋਹ ਖੋਹ ਅੰ14 ਲੜਕੀਆਂ ਦੇ ਮੁਕਾਬਲਿਆਂ ਵਿੱਚ ਪਿੰਡ ਗੁੜੇ ਦੀ ਟੀਮ ਨੇ ਪਹਿਲਾ ਅਤੇ ਬਲੌਸਮ ਸਕੂਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

4 ਬਲਾਕ ਦੋਰਾਹਾ – ਸੰਤ ਈਸ਼ਰ ਸਿੰਘ ਸਟੇਡੀਅਮ, ਪਿੰਡ ਘਲੋਟੀ

ਇਸ ਬਲਾਕ ਦੇ ਖੇਡ ਮੁਕਾਬਲਿਆਂ ਵਿੱਚ ਫੁੱਟਬਾਲ ਅੰ 14 ਲੜਕਿਆਂ ਦੇ ਫਾਈਨਲ ਮੁਕਾਬਲਿਆਂ ਵਿੱਚ ਅਲੂਣਾ ਤੋਲਾ ਨੇ ਪਹਿਲਾ, ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਮੈਮੋਰੀਅਲ ਪਬਲਿਕ ਸਕੂਲ ਕਰਮਸਰ ਰਾੜਾ ਸਾਹਿਬ ਨੇ ਦੂਜਾ ਅਤੇ ਦੋਰਾਹਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ17 ਲੜਕਿਆਂ ਦੇ ਫਾਈਨਲ ਮੁਕਾਬਲਿਆਂ ਵਿੱਚ ਸੰਤ ਬਾਬਾ ਈਸ਼ਰ ਸਿੰਘ ਰਾੜਾ ਸਾਹਿਬ ਦੀ ਟੀਮ ਨੇ ਪਹਿਲਾ, ਮਾਉਂਟ ਇੰਟਰਨੈਸ਼ਨਲ ਪਬਲਿਕ ਸਕੂਲ ਨੇ ਦੂਜ਼ਾ ਅਤੇ ਸਰਕਾਰੀ ਸਕੂਲ ਕਟਾਰੀ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਵਾਲੀਬਾਲ ਸ਼ੂਟਿੰਗ ਅੰ 17 ਲੜਕਿਆਂ ਦੇ ਮੁਕਾਬਲਿਆਂ ਵਿੱਚ ਸੰਤ ਈਸ਼ਰ ਸਿੰਘ ਜੀ ਮੈਮੋਰੀਅਲ ਪਬਲਿਕ ਸਕੂਲ ਨੇ ਪਹਿਲਾ ਸਥਾਨ, ਆਕਸਫੋਰਡ ਸੀਨੀਅਰ ਸੈਕੰਡਰੀ ਸਕੂਲ ਪਾਇਲ ਨੇ ਦੂਜਾ ਸਥਾਨ ਅਤੇ ਕੈਂਬ੍ਰਿਜ ਪਬਲਿਕ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

5 ਬਲਾਕ ਸਮਰਾਲਾ – ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਮਾਣਕੀ

ਇਸ ਬਲਾਕ ਵਿੱਚ ਸਿੱਖਿਆ ਵਿਭਾਗ ਦੀ ਖੇਡ ਕਮੇਟੀ ਦੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਕੁਲਵੀਰ ਸਿੰਘ ਨੇ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਦੀ ਹੌਂਸਲਾ ਅਫਜਾਈ ਕੀਤੀ। ਇਸ ਬਲਾਕ ਦੇ ਕਬੱਡੀ ਸਰਕਲ ਸਟਾਈਲ ਅੰ17 ਲੜਕਿਆਂ ਦੇ ਮੁਕਾਬਲਿਆਂ ਵਿੱਚ ਮਾਣਕੀ ਦੀ ਟੀਮ ਨੇ ਪਹਿਲਾ, ਰਾਜੇਵਾਲ ਦੀ ਟੀਮ ਨੇ ਦੂਜਾ ਅਤੇ ਪਿੰਡ ਪੁਰਬਾ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਫੁੱਟਬਾਲ ਅੰ14 ਲੜਕਿਆਂ ਦੇ ਫਾਈਨਲ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਸਲੌਦੀ ਦੀ ਟੀਮ ਨੇ ਪਹਿਲਾ, ਸਕੂਲ ਆਫ ਐਮੀਨੈਂਸ ਸਮਰਾਲਾ ਨੇ ਦੂਜਾ ਸਥਾਨ ਅਤੇ ਸ ਸ ਸ ਸਕੂਲ ਮਾਣਕੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।